16ਵੀਂ ਵਿਧਾਨ ਸਭਾ | ਪੰਜਾਬ ਵਿਧਾਨ ਸਭਾ

ਚੌਥਾ (ਬਜਟ)ਸਮਾਗਮ | ਬੁਲੇਟਿਨ ਨੰ: 2

ਸੋਮਵਾਰ, 06 ਮਾਰਚ, 2023

(10.00 ਵਜੇ ਸਵੇਰ ਤੋਂ 06.10 ਵਜੇ ਸ਼ਾਮ ਤੱਕ)

1. ਪ੍ਰਸ਼ਨ

(ੳ) ਨਿਸ਼ਾਨ ਵਾਲੇ ਪ੍ਰਸ਼ਨ :

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 12 | 3 | 5 | - | 20 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 20

2. ਮਾਨਯੋਗ ਸਪੀਕਰ ਦੁਆਰਾ ਰੂਲਿੰਗਜ਼

ਮਾਨਯੋਗ ਸਪੀਕਰ ਦੁਆਰਾ ਹੇਠ ਲਿਖੇ ਅਨੁਸਾਰ ਰੂਲਿੰਗਜ਼ ਦਿੱਤੀਆਂ ਗਈਆ:

1. ਜਦੋਂ ਸਦਨ ਦੇ ਨੇਤਾ ਅਤੇ ਵਿਰੋਧੀ ਧਿਰ ਦੇ ਨੇਤਾ ਖੜ੍ਹੇ ਹੋਣ ਤਾਂ ਕੋਈ ਵੀ ਮੈਂਬਰ ਉਠੇ ਨਾ, ਬੈਠੇ ਰਹਿਣ। ਜਦੋਂ ਚੇਅਰ ਵੱਲੋਂ ਜਵਾਬ ਦੇਣ ਲਈ ਕਿਹਾ ਜਾਵੇ ਤਾਂ ਉਦੋਂ ਉੱਠਿਆ ਜਾਵੇ।
2. ਚੇਅਰ ਤੇ ਕੋਈ ਕੁਐਸ਼ਚਨ ਨਹੀਂ ਹੋ ਸਕਦਾ ਹੈ। ਇਹ ਵਿਧਾਨ ਸਭਾ ਦਾ ਦਸਤੂਰ ਹੈ, ਵਿਧਾਨ ਸਭਾ ਦਾ ਰੂਲ ਹੈ।
3. ਸੰਸਦੀ ਮਾਮਲਿਆਂ ਦੇ ਮੰਤਰੀ ਤੋਂ ਸਹਿਯੋਗ ਮੰਗਿਆ ਗਿਆ ਕਿ ਜਿਹੜੇ ਸਾਡੇ ਮਾਨਯੋਗ ਵਜ਼ੀਰ ਹਨ, ਉਨ੍ਹਾਂ ਨੂੰ ਖਾਸ ਕਰਕੇ, ਪ੍ਰਸ਼ਨ ਕਾਲ ਸਮੇਂ ਹਾਜ਼ਰ ਰਹਿਣਾ ਚਾਹੀਦਾ ਹੈ, ਇਹ ਤੁਸੀਂ ਕਰਵਾਓ। ਕਈ ਵਾਰ ਗੈਰ-ਹਾਜ਼ਰੀ ਵੀ ਹੋ ਜਾਂਦੀ ਹੈ ਤਾਂ ਉਹ ਕਿਸੇ ਨਾਲ ਦੇ ਮਨਿਸਟਰ ਸਾਹਿਬ ਨੂੰ authorize ਕਰ ਦਿਆ ਕਰਨ ਤਾਂ ਕਿ ਪ੍ਰਸ਼ਨ ਕਾਲ ਦੀ Sanctity ਬਣੀ ਰਹੇ।

3. ਮਾਨਯੋਗ ਸਪੀਕਰ ਦੁਆਰਾ ਐਲਾਨ

I. ਸਭਾਪਤੀ ਨਾਮਾਂਵਲੀ ਸਬੰਧੀ

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਨ ਨਿਯਮਾਂਵਲੀ ਦੇ ਨਿਯਮ 13(1) ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਂਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:-

a) ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐਲ.ਏ;
b) ਸਰਦਾਰ ਪਰਗਟ ਸਿੰਘ ਪੋਆਰ, ਐਮ.ਐਲ.ਏ;
c) ਸ੍ਰੀ ਬੁੱਧ ਰਾਮ, ਐਮ.ਐਲ.ਏ;
d) ਸਰਦਾਰ ਮਨਪ੍ਰੀਤ ਸਿੰਘ ਇਆਲੀ, ਐਮ.ਐਲ.ਏ:

II. **ਰਾਜਪਾਲ ਦੇ ਭਾਸ਼ਣ ਸਬੰਧੀ**

ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 18 ਦੀ ਪੈਰਵੀ ਵਿਚ ਮਾਨਯੋਗ ਸਪੀਕਰ ਵਲੋਂ ਦੱਸਿਆ ਗਿਆ ਕਿ ਰਾਜਪਾਲ ਨੇ ਸੰਵਿਧਾਨ ਦੇ ਅਨੁਛੇਦ 176 (1) ਅਧੀਨ 03 ਮਾਰਚ, 2023 ਨੂੰ 10.00 ਵਜੇ ਪੂਰਵ ਦੁਪਹਿਰ ਪੰਜਾਬ ਵਿਧਾਨ ਸਭਾ ਨੂੰ ਭਾਸ਼ਣ ਦੇਣ ਦੀ ਕ੍ਰਿਪਾਲਤਾ ਕੀਤੀ ਹੈ। ਮਾਨਯੋਗ ਸਪੀਕਰ ਵਲੋਂ ਭਾਸ਼ਣ ਦੀ ਇਕ ਕਾਪੀ ਸਦਨ ਦੀ ਮੇਜ਼ ਤੇ ਰੱਖੀ ਗਈ।

3. **ਸਕੱਤਰ ਦੁਆਰਾ ਐਲਾਨ**

ਸਕੱਤਰ ਵੱਲੋਂ 15ਵੀਂ ਵਿਧਾਨ ਸਭਾ ਦੁਆਰਾ ਇਸ ਦੇ 5ਵੇਂ, 6ਵੇਂ ਅਤੇ 16ਵੇਂ (ਵਿਸ਼ੇਸ਼) ਸਮਾਗਮ ਅਤੇ 16ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ ਤੀਜੇ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. **ਧਿਆਨ ਦਿਵਾਊ ਨੋਟਿਸ**

1) ਸ੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਐਮ.ਐੱਲ.ਏ ਵੱਲੋਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਦਾ ਧਿਆਨ ਅੰਗਹੀਣ ਪੈਦਾ ਹੋਏ ਜਾਂ ਮੰਦ ਬੁੱਧੀ ਬੱਚਿਆਂ ਨੂੰ ਵਿੱਤੀ ਮਦਦ ਜਾਂ ਵਿਸ਼ੇਸ਼ ਪੈਨਸ਼ਨ ਦੇਣ ਵੱਲ ਦਿਵਾਇਆ ਗਿਆ। (ਨੰ:7)

ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਨੇ ਜਵਾਬ ਦਿੱਤਾ ।

2) ਸਰਦਾਰ ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਵੱਲੋਂ ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਦਾ ਧਿਆਨ ਦੋਰਾਹਾ ਤੋਂ ਲੁਧਿਆਣਾ ਬਾਈਪਾਸ (ਚੰਡੀਗੜ੍ਹ ਸੜਕ ਤੋਂ ਦੋਰਾਹਾ ਅਤੇ ਦੋਰਾਹਾ ਤੋਂ ਲੁਧਿਆਣਾ ਮੋਗਾ ਸੜਕ) ਦੀ ਖਸਤਾ ਹਾਲਤ ਵੱਲ ਦਿਵਾਇਆ ਗਿਆ। (ਨੰ:11).

ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਨੇ ਜਵਾਬ ਦਿੱਤਾ।

3) ਸਰਦਾਰ ਗੁਰਦਿੱਤ ਸਿੰਘ ਸੇਖੋਂ, ਐਮ.ਐਲ.ਏ ਵੱਲੋਂ ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਦਾ ਧਿਆਨ ਪਿੰਡ ਡਗਰੂ ਵਾਲੇ ਫਾਟਕਾਂ ਕੋਲ ਮੋਗਾ-ਤਲਵੰਡੀ ਸੜਕ ਤੇ ਪੁਲ ਦੇ ਅਧੂਰੇ ਕੰਮ ਕਾਰਨ ਲੋਕਾਂ ਨੂੰ ਪੇਸ਼ ਆ ਰਹੀ ਦਿੱਕਤ ਵੱਲ ਦਿਵਾਇਆ ਗਿਆ। (ਨੰ:12)

ਲੋਕ ਨਿਰਮਾਣ (ਭਵਨ ਅਤੇ ਮਾਰਗ) ਮੰਤਰੀ ਨੇ ਜਵਾਬ ਦਿੱਤਾ।

4) **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 04.03.2023 ਤੋਂ 22.03.2023 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸੰਸਦੀ ਮਾਮਲਿਆਂ ਦੇ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਵਸੰਮਤੀ ਨਾਲ ਪ੍ਰਵਾਨ ਹੋਇਆ:-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਬਹਿਸ ਵਿੱਚ ਹਿੱਸਾ ਲੈਂਦੇ ਸਮੇਂ ਸ. ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ 05 ਮਿੰਟ ਲਈ ਬੋਲੇ।

5. **<u>ਮੇਜ਼ ਤੇ ਰੱਖੇ ਗਏ ਕਾਗਜ਼-ਪੱਤਰ</u>**

ਸੰਸਦੀ ਮਾਮਲਿਆਂ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: V ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 10 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

6. **<u>ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਤੇ ਬਹਿਸ</u>**

ਡਾ. ਜੀਵਨਜੋਤ ਕੌਰ, ਐਮ.ਐਲ.ਏ. ਵੱਲੋਂ ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਪੇਸ਼ ਕੀਤਾ ਗਿਆ, ਜਿਸ ਦੀ ਸ਼੍ਰੀ ਬੁੱਧ ਰਾਮ , ਐਮ.ਐਲ.ਏ. ਵੱਲੋਂ ਪ੍ਰੋੜ੍ਹਤਾ ਕੀਤੀ ਗਈ।

"ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 03 ਮਾਰਚ, 2023 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ।"

ਇਸ ਉਪਰੰਤ ਨਿਮਨਲਿਖਤ ਮੈਂਬਰਾਂ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1) | ਡਾ. ਜੀਵਨਜੋਤ ਕੌਰ, ਆਮ ਆਦਮੀ ਪਾਰਟੀ | 08 ਮਿੰਟ |
| 2) | ਸ਼੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 29 ਮਿੰਟ |
| 3) | ਸ. ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ | 27 ਮਿੰਟ |
| 4) | ਸ. ਜਗਰੂਪ ਸਿੰਘ ਗਿੱਲ, ਆਮ ਆਦਮੀ ਪਾਰਟੀ | 19 ਮਿੰਟ |
| 5) | ਰਾਣਾ ਇੰਦਰ ਪ੍ਰਤਾਪ ਸਿੰਘ, ਆਜ਼ਾਦ ਮੈਂਬਰ | 05 ਮਿੰਟ |
| 6) | ਸ਼੍ਰੀ ਜਗਦੀਪ ਕੰਬੋਜ ਗੋਲਡੀ, ਆਮ ਆਦਮੀ ਪਾਰਟੀ | 10 ਮਿੰਟ |
| 7) | ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ | 11 ਮਿੰਟ |
| 8) | ਸ. ਗੁਰਪ੍ਰੀਤ ਸਿੰਘ ਬਨਾਂਵਾਲੀ, ਆਮ ਆਦਮੀ ਪਾਰਟੀ | 13 ਮਿੰਟ |
| 9) | ਸ਼੍ਰੀਮਤੀ ਇੰਦਰਜੀਤ ਕੌਰ ਮਾਨ, ਆਮ ਆਦਮੀ ਪਾਰਟੀ | 26 ਮਿੰਟ |
| 10) | ਸ਼੍ਰੀਮਤੀ ਸਰਵਜੀਤ ਕੌਰ ਮਾਣੂੰਕੇ, ਆਮ ਆਦਮੀ ਪਾਰਟੀ | 10 ਮਿੰਟ |
| 11) | ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 06 ਮਿੰਟ |
| 12) | ਸ ਕੁਲਜੀਤ ਸਿੰਘ ਰੰਧਾਵਾ, ਆਮ ਆਦਮੀ ਪਾਰਟੀ | 05 ਮਿੰਟ |
| 13) | ਸ. ਬਲਕਾਰ ਸਿੰਘ, ਆਮ ਆਦਮੀ ਪਾਰਟੀ | 08 ਮਿੰਟ |
| 14) | ਸ. ਗੁਰਮੀਤ ਸਿੰਘ ਖੁੱਡੀਆਂ, ਆਮ ਆਦਮੀ ਪਾਰਟੀ | 14 ਮਿੰਟ |
| 15) | ਸ. ਮਨਜੀਤ ਸਿੰਘ ਬਿਲਾਸਪੁਰ, ਆਮ ਆਦਮੀ ਪਾਰਟੀ | 12 ਮਿੰਟ |
| 16) | ਸ਼੍ਰੀ ਬਰਿੰਦਰ ਕੁਮਾਰ ਗੋਇਲ ਵਕੀਲ, ਆਮ ਆਦਮੀ ਪਾਰਟੀ | 22 ਮਿੰਟ |

17) ਡਾ. ਬਲਬੀਰ ਸਿੰਘ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ 14 ਮਿੰਟ

18) ਸ੍ਰੀ ਕੁੰਵਰ ਵਿਜੈ ਪ੍ਰਤਾਪ ਸਿੰਘ, ਆਮ ਆਦਮੀ ਪਾਰਟੀ 11 ਮਿੰਟ

19) ਸ. ਅਮਨਸ਼ੇਰ ਸਿੰਘ (ਸ਼ੈਰੀ ਕਲਸੀ), ਆਮ ਆਦਮੀ ਪਾਰਟੀ 01 ਮਿੰਟ

7. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸਰਦਾਰ ਰਵਨੀਤ ਸਿੰਘ, ਮੈਂਬਰ ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

8. **ਸਦਨ ਦਾ ਸਮਾਂ ਵਧਾਉਣਾ**

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ 6.10 ਵਜੇ ਸ਼ਾਮ ਤੱਕ ਵਧਾਇਆ ਗਿਆ।

9. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਮਾਨਯੋਗ ਸਪੀਕਰ ਵੱਲੋਂ ਸਦਨ 1.30 ਵਜੇ ਬਾਅਦ ਦੁਪਹਿਰ ਤੋਂ 2.30 ਵਜੇਂ ਬਾਅਦ ਦੁਪਹਿਰ ਤੱਕ ਅਤੇ 2.44 ਵਜੇ ਬਾਅਦ ਦੁਪਹਿਰ ਤੋਂ 3.00 ਵਜੇ ਬਾਅਦ ਦੁਪਹਿਰ ਤੱਕ ਸਥਗਿਤ ਕੀਤਾ ਗਿਆ।

ਮਾਨਯੋਗ ਡਿਪਟੀ ਸਪੀਕਰ ਨੇ 12:49 ਵਜੇ ਬਾਅਦ ਦੁਪਹਿਰ ਤੋਂ 01.09 ਵਜੇ ਬਾਅਦ ਦੁਪਹਿਰ ਅਤੇ 03.26 ਵਜੇ ਬਾਅਦ ਦੁਪਹਿਰ ਤੋਂ 4.54 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ, ਸਦਨ ਮੰਗਲਵਾਰ ਮਿਤੀ 07 ਮਾਰਚ, 2023 ਨੂੰ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਚੰਡੀਗੜ੍ਹ:** **ਸੁਰਿੰਦਰ ਪਾਲ,**

**06 ਮਾਰਚ, 2023** **ਸਕੱਤਰ।**

7/3/23
Principal Chief Reporter
Punjab Vidhan Sabha
Chandigrah